Press Note:- 01 April 2020

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਤਰਨ ਤਾਰਨ

PN 01-04-2020_ਕਰੋਨਾ ਵਾਇਰਸ ਦੇ ਪ੍ਰਭਾਵ ਨੂੰ ਰੋਕਣ ਲਈ ਕੀਤੇ ਜਾ ਰਹੇ ਪ੍ਰਬੰਧਾਂ ਦਾ ਜਾਇਜ਼ਾ ਲੈਣ ਲਈ ਡਿਪਟੀ ਕਮਿਸ਼ਨਰ ਦੀ ਪ੍ਰਧਾਨਗੀ ਹੇਠ ਵਿਸ਼ੇਸ ਮੀਟਿੰਗ

ਕਰੋਨਾ ਵਾਇਰਸ ਦੇ ਪ੍ਰਭਾਵ ਨੂੰ ਰੋਕਣ ਲਈ ਕੀਤੇ ਜਾ ਰਹੇ ਪ੍ਰਬੰਧਾਂ ਦਾ ਜਾਇਜ਼ਾ ਲੈਣ ਲਈ ਡਿਪਟੀ ਕਮਿਸ਼ਨਰ ਦੀ ਪ੍ਰਧਾਨਗੀ ਹੇਠ ਵਿਸ਼ੇਸ ਮੀਟਿੰਗ

ਕਰਫਿਊ ਦੌਰਾਨ ਸਰਕਾਰ ਅਤੇ ਜਿਲ੍ਹਾ ਪ੍ਰਸ਼ਾਸ਼ਨ ਵੱਲੋਂ ਜਾਰੀ ਹੋਣ ਵਾਲੇ ਹੁਕਮਾਂ ਦੀ ਪਾਲਣਾ ਯਕੀਨੀ ਬਣਾਉਣ ਲਈ ਸਮੂਹ ਅਧਿਕਾਰੀਆਂ ਨੂੰ ਕੀਤੀ ਹਦਾਇਤ

ਤਰਨ ਤਾਰਨ, 1 ਅਪ੍ਰੈਲ਼ :

ਕਰੋਨਾ ਵਾਇਰਸ ਦੇ ਪ੍ਰਭਾਵ ਨੂੰ ਰੋਕਣ ਲਈ ਜਿਲ੍ਹਾ ਪ੍ਰਸ਼ਾਸ਼ਨ, ਸਿਹਤ ਵਿਭਾਗ ਅਤੇ ਪੁਲਿਸ ਵਿਭਾਗ ਦੇ ਸਹਿਯੋਗ ਨਾਲ ਕੀਤੇ ਜਾ ਰਹੇ ਪ੍ਰਬੰਧਾਂ ਦਾ ਜਾਇਜ਼ਾ ਲੈਣ ਲਈ ਡਿਪਟੀ ਕਮਿਸ਼ਨਰ ਤਰਨ ਤਾਰਨ ਸ੍ਰੀ ਪਰਦੀਪ ਕੁਮਾਰ ਸੱਭਰਵਾਲ ਦੀ ਪ੍ਰਧਾਨਗੀ ਹੇਠ ਵਿਸ਼ੇਸ ਮੀਟਿੰਗ ਹੋਈ। ਮੀਟਿੰਗ ਦੌਰਾਨ ਸਮੂਹ ਅਧਿਕਾਰੀਆਂ ਨੂੰ ਜਾਣੂ ਕਰਵਾਇਆ ਗਿਆ ਕਿ ਜ਼ਿਲ੍ਹਾ ਤਰਨ ਤਾਰਨ ਵਿੱਚ ਮਿਤੀ 14 ਅਪ੍ਰੈਲ, 2020 ਤੱਕ ਕਰਫ਼ਿਊ ਨੂੰ ਵਧਾ ਦਿੱਤਾ ਗਿਆ ਹੈ।

ਇਸ ਮੌਕੇ ਐੱਸ. ਐੱਸ. ਪੀ. ਤਰਨ ਤਾਰਨ ਸ੍ਰੀ ਧਰੁਵ ਦਹੀਆ, ਵਧੀਕ ਡਿਪਟੀ ਕਮਿਸ਼ਨਰ ਜਨਰਲ ਸ੍ਰੀ ਸੁਰਿੰਦਰ ਸਿੰਘ, ਸਿਵਲ ਸਰਜਨ ਡਾ. ਅਨੂਪ ਕੁਮਾਰ, ਐੱਸ. ਡੀ. ਐੱਮ. ਤਰਨ ਤਾਰਨ ਸ੍ਰੀ ਰਜਨੀਸ਼ ਅਰੋੜਾ, ਐੱਸ. ਡੀ. ਐੱਮ. ਖਡੂਰ ਸਾਹਿਬ ਸ੍ਰੀ ਰਾਜੇਸ਼ ਸ਼ਰਮਾ ਅਤੇ ਐੱਸ. ਡੀ. ਐੱਮ. ਪੱਟੀ ਸ੍ਰੀ ਨਰਿੰਦਰ ਸਿੰਘ ਧਾਲੀਵਾਲ ਤੋਂ ਇਲਾਵਾ ਹੋਰ ਅਧਿਕਾਰੀ ਵੀ ਹਾਜ਼ਰ ਸਨ। ਡਿਪਟੀ ਕਮਿਸ਼ਨਰ ਨੇ ਸਮੂਹ ਅਧਿਕਾਰੀਆਂ ਨੂੰ ਹਦਾਇਤੀ ਕੀਤੀ ਕਿ ਇਸ ਕਰਫਿਊ ਦੌਰਾਨ ਸਰਕਾਰ ਅਤੇ ਜਿਲ੍ਹਾ ਪ੍ਰਸ਼ਾਸ਼ਨ ਵੱਲੋਂ ਜਾਰੀ ਹੋਣ ਵਾਲੇ ਹੁਕਮਾਂ ਦੀ ਪਾਲਣਾ ਕਰਵਾਉਣੀ ਯਕੀਨੀ ਬਣਾਈ ਜਾਵੇ ਅਤੇ ਇਸ ਵਾਇਰਸ ਤੋਂ ਬਚਣ ਲਈ ਲੋਕਾਂ ਨੂੰ ਆਪਣੇ ਘਰਾਂ ਵਿੱਚ ਹੀ ਰਹਿਣ ਲਈ ਪ੍ਰੇਰਿਤ ਕਰਦੇ ਹੋਏ ਇੱਕ ਦੂਜੇ ਤੋਂ 1 ਮੀਟਰ ਦੀ ਦੂਰੀ ਬਣਾ ਕੇ ਰੱਖਣ ਅਤੇ ਸਮਾਜਿਕ ਵਿੱਥ ਦੀ ਪਾਲਣਾ ਵੀ ਯਕੀਨੀ ਬਣਾਈ ਜਾਵੇ।

ਡਿਪਟੀ ਕਮਿਸ਼ਨਰ ਨੇ ਸਮੂਹ ਅਧਿਕਾਰੀਆਂ ਨੂੰ ਆਦੇਸ਼ ਦਿੱਤੇ ਗਏ ਕਿ ਵੱਖ-ਵੱਖ ਦੇਸ਼ਾਂ, ਸ਼ਹਿਰਾਂ ਅਤੇ ਰਾਜਾਂ ਤੋਂ ਜਿਲ੍ਹਾ ਤਰਨ ਤਾਰਨ ਵਿੱਚ ਆਉਣ ਵਾਲੇ ਵਿਅਕਤੀਆਂ ਦੀਆਂ ਲਿਸਟਾਂ ਤੁਰੰਤ ਤਿਆਰ ਕੀਤੀਆਂ ਜਾਣ ਅਤੇ ਉਹਨਾ ਵਿਅਕਤੀਆਂ ਦਾ ਮੈਡੀਕਲ ਟੈਸਟ ਕਰਵਾਉਣ ਲਈ ਸਿਵਲ ਸਰਜਨ, ਤਰਨ ਤਾਰਨ ਦੇ ਦਫਤਰ ਨਾਲ ਸੰਪਰਕ ਕੀਤਾ ਜਾਵੇ। ਮੀਟਿੰਗ ਦੌਰਾਨ ਉਹਨਾਂ ਕਿਹਾ ਕਿ ਮੌਜੂਦਾ ਸਥਿਤੀ ਵਿੱਚ ਜਿਲ੍ਹਾ ਪ੍ਰਸ਼ਾਸ਼ਨ, ਸਿਹਤ ਵਿਭਾਗ ਅਤੇ ਪੁਲਿਸ ਵਿਭਾਗ ਦੇ ਅਧਿਕਾਰੀਆਂ ਦਾ ਆਪਸੀ ਤਾਲਮੇਲ ਨਾਲ ਕੰਮ ਕਰਨਾ ਬਹੁਤ ਜ਼ਰੂਰੀ ਹੈ। ਸਿਹਤ ਵਿਭਾਗ ਵੱਲੋਂ ਜਦੋਂ ਵੀ ਕਿਸੇ ਮਰੀਜ ਦੀ ਸੂਚਨਾ ਪ੍ਰਸ਼ਾਸ਼ਨ ਨੂੰ ਦਿੱਤੀ ਜਾਵੇਗੀ ਤਾਂ ਉਸ ਸਬੰਧੀ ਪੁਲਿਸ ਵਿਭਾਗ, ਸਬੰਧਤ ਉਪ ਮੰਡਲ ਮੈਜਿਸਟਰੇਟ ਅਤੇ ਪਿੰਡਾਂ ਵਿੱਚ ਬੀ. ਡੀ. ਪੀ. ਓ ਰਾਹੀਂ ਤੁਰੰਤ ਕਾਰਵਾਈ ਕੀਤੀ ਜਾਵੇਗੀ।ਇਸ ਸਬੰਧੀ ਸਮੂਹ ਵਿਭਾਗਾਂ ਦੇ ਮੁਖੀਆਂ ਨੂੰ ਹਦਾਇਤ ਕੀਤੀ ਗਈ ਕਿ ਇਸ ਐਮਰਜੈਂਸੀ ਸਮੇਂ ਦੌਰਾਨ ਕੀਤੀਆਂ ਜਾਣ ਵਾਲੀਆਂ ਕਾਰਵਾਈਆਂ ਸਬੰਧੀ ਆਪਣੇ ਵਿਭਾਗ ਦੀਆਂ ਡਿਊਟੀਆਂ ਲਗਾਈਆਂ ਜਾਣ।

ਉਹਨਾਂ ਕਿਹਾ ਕਿ ਇਸ ਵੇਲੇ ਅਸੀਂ ਬਹੁਤ ਹੀ ਸੰਕਟ ਵਾਲੇ ਹਾਲਾਤਾਂ ਵਿੱਚੋਂ ਗੁਜਰ ਰਹੇ ਹਾਂ। ਇਸ ਲਈ ਹਰ ਇੱਕ ਦਾ ਫਰਜ਼ ਬਣਦਾ ਹੈ ਕਿ ਆਪਣੇ ਕੰਮ ਨੂੰ ਪੂਰੀ ਤਨਦੇਹੀ ਅਤੇ ਲੋਕਾਂ ਦੀਆਂ ਮੁਸ਼ਕਿਲਾਂ ਨੂੰ ਮੁੱਖ ਰੱਖ ਕੇ ਕੀਤਾ ਜਾਵੇ ਅਤੇ ਜੇਕਰ ਕਿਸੇ ਵੱਲੋਂ ਕੋਈ ਕੁਤਾਹੀ ਕੀਤੀ ਗਈ ਤਾਂ ਉਸਦੇ ਖਿਲਾਫ ਲੋੜੀਂਦੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

ਮੀਟਿੰਗ ਦੌਰਾਨ ਐੱਸ. ਐੱਸ. ਪੀ. ਤਰਨ ਤਾਰਨ ਸ੍ਰੀ ਧਰੁਵ ਦਹੀਆ ਵੱਲੋਂ ਦੱਸਿਆ ਗਿਆ ਕਿ ਜ਼ਿਲ੍ਹੇ ਵਿੱਚ ਕਰਫ਼ਿਊ ਦੀ ਸਖਤੀ ਨਾਲ ਪਾਲਣਾ ਕਰਵਾਈ ਜਾ ਰਹੀ ਹੈ ਅਤੇ ਇਸ ਦੀ ਉਲੰਘਣਾ ਕਰਨ ਵਾਲਿਆਂ ਦੇ ਖਿਲਾਫ ਪਰਚੇ ਦਰਜ ਕੀਤੇ ਜਾ ਰਹੇ ਹਨ।

Press Note:- 01 April 2020

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਤਰਨ ਤਾਰਨ

PN 01-04-2020_ਜ਼ਿਲ੍ਹਾ ਮੈਜਿਸਟਰੇਟ ਵੱਲੋਂ ਕੋਰੋਨਾ ਵਾਇਰਸ (ਕੋਵਿਡ 19) ਦੇ ਮੱਦੇਨਜਰ 14 ਅਪ੍ਰੈਲ ਤੱਕ ਲਗਾਏ ਗਏ ਕਰਫਿਊ ਦੌਰਾਨ ਜ਼ਰੂਰੀ ਵਸਤਾਂ ਦੀ ਸਪਲਾਈ ਘਰਾਂ ਤੱਕ ਪਹੁੰਚਾਉਣ ਸਬੰਧੀ ਵੱਖ-ਵੱਖ ਹੁਕਮ ਜਾਰੀ

ਜ਼ਿਲ੍ਹਾ ਮੈਜਿਸਟਰੇਟ ਵੱਲੋਂ ਕੋਰੋਨਾ ਵਾਇਰਸ (ਕੋਵਿਡ 19) ਦੇ ਮੱਦੇਨਜਰ 14 ਅਪ੍ਰੈਲ ਤੱਕ ਲਗਾਏ ਗਏ ਕਰਫਿਊ ਦੌਰਾਨ ਜ਼ਰੂਰੀ ਵਸਤਾਂ ਦੀ ਸਪਲਾਈ ਘਰਾਂ ਤੱਕ ਪਹੁੰਚਾਉਣ ਸਬੰਧੀ ਵੱਖ-ਵੱਖ ਹੁਕਮ ਜਾਰੀ
ਆਮ ਜਨਤਾ ਵੱਲੋਂ ਵਰਤੀਆਂ ਜਾਣ ਵਾਲੀਆਂ ਵਸਤੂਆਂ ਨਿਰਧਾਰਤ ਸਮੇਂ/ਨਿਰਧਾਰਤ ਮੁੱਲ ਅਧੀਨ ਹੀ ਉਨ੍ਹਾਂ ਦੇ ਘਰਾਂ ਵਿੱਚ ਮੁਹੱਈਆ ਹੋ ਸਕਣ ਨੂੰ ਯਕੀਨੀ ਬਣਾਉਣਗੇ ਸਬੰਧਤ ਅਧਿਕਾਰੀ
ਤਰਨ ਤਾਰਨ, 1 ਅਪ੍ਰੈਲ :

ਜ਼ਿਲ੍ਹਾ ਮੈਜਿਸਟਰੇਟ ਤਰਨ ਤਾਰਨ ਸ੍ਰੀ ਪਰਦੀਪ ਕੁਮਾਰ ਸੱਭਰਵਾਲ ਨੇ ਕੋਰੋਨਾ ਵਾਇਰਸ (ਕੋਵਿਡ 19) ਦੇ ਮੱਦੇਨਜਰ 14 ਅਪ੍ਰੈਲ 2020 ਤੱਕ ਲਗਾਏ ਗਏ ਕਰਫਿਊ ਦੌਰਾਨ ਜ਼ਰੂਰੀ ਵਸਤਾਂ ਦੀ ਘਰਾਂ ਤੱਕ ਸਪਲਾਈ ਕਰਨ ਸਬੰਧੀ ਵੱਖ-ਵੱਖ ਹੁਕਮ ਜਾਰੀ ਕੀਤੇ ਹਨ।

ਉਨ੍ਹਾਂ ਕਿਹਾ ਕਿ ਕਰਿਆਨੇ ਦੀ ਵਿੱਕਰੀ ਸਬੰਧਤ ਦੁਕਾਨਦਾਰਾਂ ਵੱਲੋਂ ਰੋਜ਼ਾਨਾ ਸਵੇਰੇ 6 ਵਜੇ ਤੋਂ ਸਵੇਰੇ 10 ਵਜੇ ਤੱਕ ਆਮ ਜਨਤਾ ਦੇ ਘਰ-ਘਰ ਜਾ ਕੇ ਕੀਤੀ ਜਾਵੇਗੀ।ਜ਼ਿਲ੍ਹਾ ਫੂਡ ਸਪਲਾਈ ਕੰਟਰੋਲਰ ਇਹ ਕਾਰਵਾਈ ਨੂੰ ਯਕੀਨੀ ਬਣਾਉਣਗੇ। ਅਖਬਾਰਾਂ ਵੇਚਣ ਦਾ ਕੰਮ ਸਵੇਰੇ 5 ਵਜੇ ਤੋਂ ਸਵੇਰੇ 8 ਵਜੇ ਤੱਕ ਮੁਕਮੰਲ ਕੀਤਾ ਜਾਵੇਗਾ, ਸੜਕਾਂ ਦੇ ਕਿਨਾਰੇ ਅਖਬਾਰਾਂ ਵੇਚਣ ਦੀ ਮਨਾਹੀ ਹੋਵੇਗੀ।

ਦੋਧੀਆਂ ਵੱਲੋਂ ਦੁੱਧ ਪਦਾਰਥਾਂ ਦੀ ਸਪਾਲਈ ਸਵੇਰੇ 5 ਵਜੇ ਤੋਂ ਸਵੇਰੇ 8 ਵਜੇ ਤੱਕ ਰੋਜ਼ਾਨਾ ਲੋਕਾਂ ਦੇ ਘਰ- ਘਰ ਵਿੱਚ ਜਾ ਕੇ ਹੀ ਕੀਤੀ ਜਾ ਸਕੇਗੀ।ਵੇਰਕਾ ਅਤੇ ਅਮੂਲ ਵੱਲੋਂ ਦੁੱਧ ਪਦਾਰਥਾਂ ਦੀ ਸਪਲਾਈ ਦੁਪਹਿਰ 2 ਵਜੇ ਤੱਕ ਕੇਵਲ ਘਰ-ਘਰ ਜਾ ਕੇ ਹੋਵੇਗੀ। ਕੈਮਿਸਟਾਂ ਵੱਲੋਂ ਜ਼ਰੂਰੀ ਦਵਾਈਆਂ ਦੀ ਸਪਲਾਈ ਰੋਜ਼ਾਨਾ ਸਵੇਰੇ 6 ਵਜੇ ਤੋਂ ਸਵੇਰੇ 10 ਵਜੇ ਤੱਕ ਘਰ-ਘਰ ਜਾ ਕੇ ਹੀ ਕੀਤੀ ਜਾਵੇਗੀ।

ਪੈਟਰੋਲ ਪੰਪਾਂ ਵੱਲੋਂ ਰੋਜ਼ਾਨਾ ਸਵੇਰੇ 5 ਵਜੇ ਤੋਂ ਸਵੇਰੇ 8 ਵਜੇ ਤੱਕ ਕੇਵਲ ਐਮਰਜੈਂਸੀ ਸੇਵਾਵਾਂ ਲਈ ਵਰਤੇ ਜਾਣ ਵਾਲੇ ਵਾਹਨਾਂ ਵਿੱਚ ਹੀ ਪੈਟਰੋਲ ਤੇ ਡੀਜ਼ਲ ਦੀ ਪੂਰਤੀ ਕੀਤੀ ਜਾਵੇਗੀ।

ਐੱਲ. ਪੀ. ਜੀ. ਗੈਸ ਸਿਲੰਡਰਾਂ ਦੀ ਸਪਲਾਈ ਰੋਜ਼ਾਨਾ ਸਵੇਰੇ 10 ਵਜੇ ਤੋਂ ਸ਼ਾਮ 4 ਵਜੇ ਤੱਕ ਘਰ-ਘਰ ਜਾ ਕੇ ਕੀਤੀ ਜਾਵੇਗੀ। ਫਲ ਤੇ ਸਬਜ਼ੀ ਵਿਕਰੇਤਾ ਰੋਜ਼ਾਨਾ ਸਵੇਰੇ 9 ਵਜੇ ਤੋਂ ਸ਼ਾਮ 5 ਵਜੇ ਤੱਕ ਕੇਵਲ ਘਰ- ਘਰ ਜਾ ਕੇ ਹੀ ਸਪਲਾਈ ਕਰਨਗੇ। ਉਨ੍ਹਾਂ ਕਿਹਾ ਕਿ ਸਬੰਧਤ ਦੁਕਾਨਦਾਰ ਵੱਲੋਂ ਕੀਟਨਾਸ਼ਕ, ਫਰਟੀਲਾਈਜ਼ਰ ਅਤੇ ਬੀਜ ਆਦਿ ਦੀ ਸਪਲਾਈ ਹਰ ਰੋਜ਼ ਸਵੇਰੇ 6 ਵਜੇ ਤੋਂ ਸਵੇਰੇ 10 ਵਜੇ ਤੱਕ ਜਿੰਮੀਦਾਰਾਂ ਦੇ ਘਰ-ਘਰ ਜਾ ਕੇ ਕੀਤੀ ਜਾਵੇਗੀ। ਮੁੱਖ ਖੇਤੀਬਾੜੀ ਅਫ਼ਸਰ ਇਹ ਕਾਰਵਾਈ ਯਕੀਨੀ ਬਣਾਉਣਗੇ।

ਉਨ੍ਹਾਂ ਕਿਹਾ ਕਿ ਪਸ਼ੂਆਂ ਲਈ ਫੀਡ ਅਤੇ ਪੋਲਟਰੀ ਫੀਡ ਆਦਿ ਦੀ ਸਪਲਾਈ ਹਰ ਰੋਜ਼ ਡੀਲਰਾਂ ਵੱਲੋਂ ਕਿਸਾਨਾਂ ਦੇ ਤੱਕ ਘਰ-ਘਰ ਜਾ ਕੇ ਕੀਤੀ ਜਾਵੇਗੀ।ਡਿਪਟੀ ਡਾਇਰੈਕਟਰ ਪਸ਼ੂ ਪਾਲਣ ਇਹ ਕਾਰਵਾਈ ਯਕੀਨੀ ਬਣਾਉਣਗੇ। ਆਟਾ ਚੱਕੀ ਰੋਜ਼ਾਨਾ ਸਵੇਰੇ 9 ਵਜੇ ਤੋਂ 5 ਵਜੇ ਤੱਕ ਖੁੱਲ੍ਹੀਆਂ ਰਹਿਣਗੀਆਂ। ਆਟਾ ਚੱਕੀ ‘ਤੇ 2 ਤੋਂ ਵੱਧ ਵਿਅਕਤੀਆਂ ਦੇ ਇਕੱਠੇ ਹੋਣ

ਦੀ ਮਨਾਹੀ ਹੋਵੇਗੀ।ਜ਼ਿਲ੍ਹਾ ਫੂਡ ਸਪਲਾਈ ਕੰਟਰੋਲਰ ਇਹ ਕਾਰਵਾਈ ਯਕੀਨੀ ਬਣਾਉਣਗੇ। ਬੈਂਕਾਂ ਤੇ ਏ.ਟੀ.ਐਮਜ਼ ਰੋਜ਼ਾਨਾ ਖੁੱਲਣਗੇ।ਡਾਕ ਘਰ ਅਤੇ ਕੋਰੀਅਰ ਸਰਵਿਸ ਰੋਜ਼ਾਨਾ ਸਵੇਰੇ 11 ਵਜੇ ਤੋਂ ਬਾਅਦ ਦੁਪਹਿਰ 2 ਵਜੇ ਤੱਕ ਹੋਵੇਗੀ। ਲੀਡ ਬੈਂਕ ਮੈਨੇਜਰ/ਪੋਸਟ ਮਾਸਟਰ ਇਹ ਕਾਰਵਾਈ ਯਕੀਨੀ ਬਣਾਉਣਗੇ। ਹਾੜੀ ਦੀ ਫਸਲ ਦੀ ਕਟਾਈ/ਸਾਉਣੀ ਦੀ ਫਸਲ ਦੀ ਬਿਜਾਈ ਸਬੰਧਤ ਜਿੰਮੀਦਾਰਾਂ ਵੱਲੋਂ ਕੋਵਿਡ 19 ਅਧੀਨ ਜਾਰੀ ਹਦਾਇਤਾਂ ਦੀ ਪਾਲਣਾ ਕਰਦੇ ਹੋਏ ਕੀਤੀ ਜਾਵੇਗੀ।ਕੰਬਾਇਨਾਂ ਦੀ ਵਰਤੋਂ ਵੀ ਕੀਤੀ ਜਾਵੇਗੀ। ਕੰਬਾਇਨ ਦੀ ਮੁਰੰਮਤ ਅਤੇ ਸਪੇਅਰ ਪਾਰਟਸ ਵਾਲੀਆਂ ਦੁਕਾਨਾਂ ਸਵੇਰੇ 10 ਵਜੇ ਤੋਂ ਸ਼ਾਮ 5 ਵਜੇ ਤੱਕ ਖੁੱਲ੍ਹੀਆਂ ਰਹਿਣਗੀਆਂ। ਡਿਪਟੀ ਡਾਇਰੈਕਟਰ ਬਾਗਬਾਨੀ/ਮੁੱਖ ਖੇਤੀਬਾੜੀ ਅਫਸਰ ਇਹ ਕਾਰਵਾਈ ਯਕੀਨੀ ਬਣਾਉਣਗੇ।

ਉਨ੍ਹਾਂ ਕਿਹਾ ਕਿ ਲੋਕਾਂ ਦੀ ਸੁਰੱਖਿਆ ਅਤੇ ਸਹੂਲਤਾਂ ਦੇ ਮੱਦੇਨਜ਼ਰ ਲਗਾਏ ਗਏ ਇਹ ਹੁਕਮ ਪੁਲਿਸ ਮੁਲਾਜ਼ਮਾਂ, ਮਿਲਟਰੀ ਤੇ ਪੈਰਾ ਮਿਲਟਰੀ ਸਟਾਫ, ਡਾਕਟਰਾਂ, ਐਮਰਜੰਸੀ ਸੇਵਾਵਾਂ ਦੇਣ ਵਾਲੇ ਅਧਿਕਾਰੀਆਂ, ਹੋਮ ਗਾਰਡ ਦੇ ਮੈਂਬਰਾਂ, ਸਰਕਾਰੀ ਕਰਮਚਾਰੀਆਂ ਅਤੇ ਉਨ੍ਹਾਂ ਵਿਅਕਤੀਆਂ 'ਤੇ ਲਾਗੂ ਨਹੀਂ ਹੋਣਗੇ ਜਿਨ੍ਹਾਂ ਨੂੰ ਜ਼ਿਲ੍ਹਾ ਮੈਜਿਸਟਰੇਟ, ਸਮੂਹ ਉਪ ਜ਼ਿਲ੍ਹਾ ਮੈਜਿਸਟਰੇਟ ਜਾਂ ਸਮਰੱਥ ਅਧਿਕਾਰੀ ਵੱਲੋਂ ਪਰਮਿਟ ਜਾਰੀ ਕੀਤਾ ਹੋਵੇ।

ਉਨ੍ਹਾਂ ਕਿਹਾ ਕਿ ਸਬੰਧਤ ਅਧਿਕਾਰੀ ਇਸ ਗੱਲ ਨੂੰ ਯਕੀਨੀ ਬਣਾਉਣਗੇ ਕਿ ਵਰਤੋਂ ਵਿੱਚ ਆਮ ਜਨਤਾ ਵੱਲੋਂ ਵਰਤੀਆਂ ਜਾਣ ਵਾਲੀਆਂ ਵਸਤੂਆਂ ਉਨ੍ਹਾਂ ਨੂੰ ਨਿਰਧਾਰਤ ਸਮੇਂ/ਨਿਰਧਾਰਤ ਮੁੱਲ ਅਧੀਨ ਹੀ ਉਨ੍ਹਾਂ ਦੇ ਘਰਾਂ ਵਿੱਚ ਮੁਹੱਈਆ ਹੋ ਸਕਣ। ਉਪਰੋਕਤ ਮੰਤਵ ਲਈ ਜ਼ਰੂਰੀ ਸੇਵਾਵਾਂ ਲਈ ਵਰਤੇ ਜਾਣ ਵਾਲੇ ਸਾਰੇ ਵਹੀਕਲਾਂ ਨੂੰ ਆਉਣ/ਜਾਣ ਲਈ ਕਰਫਿਊ ਪਾਸ ਦੀ ਜ਼ਰੂਰਤ ਨਹੀਂ ਹੋਵੇਗੀ। ਇਹ ਅਦਾਰਿਆਂ ਦੇ ਅਧਿਕਾਰੀ ਇਹ ਵੀ ਯਕੀਨੀ ਬਣਾਉਣਗੇ ਕਿ ਇਹ ਵਸਤੂਆਂ ਨਿਰਧਾਰਤ ਸਮੇਂ ਅਧੀਨ ਜਿਨ੍ਹਾਂ ਸੇਲਜਮੈਨਾਂ/ਦੁਕਾਨਦਾਰਾਂ ਵੱਲੋਂ ਆਮ ਜਨਤਾ ਨੂੰ ਉਨ੍ਹਾਂ ਦੇ ਘਰਾਂ ਵਿੱਚ ਪਹੰੁਚਾਈਆਂ ਜਾਣਗੀਆਂ, ਉਹ ਕੋਵਿਡ 19 ਤਹਿਤ ਸਮੇਂ-ਸਮੇਂ ਸਿਰ ਜਾਰੀ ਸਰਕਾਰ ਵੱਲੋਂ ਹਦਾਇਤਾਂ ਦੀ ਪਾਲਣਾ ਕਰਦੇ ਹੋਏ ਹੱਥਾਂ ਵਿਚ ਦਸਤਾਨੇ/ਮੂੰਹ 'ਤੇ ਮਾਸਕ/ਸੈਨੇਆਈਜ਼ਰ ਦੀ ਵਰਤੋਂ ਕਰਦੇ ਹੋਏ ਸਮਾਜਿਕ ਦੂਰੀ ਕਾਇਮ ਰੱਖਦੇ ਹੋਏ ਮੁਹੱਈਆ ਕਰਵਾਉਣਗੇ ਤਾਂ ਜੋ ਆਮ ਜਨਤਾ ਨੂੰ ਘਰਾਂ ਤੋਂ ਆਉਣ ਤੋਂ ਰੋਕਿਆ ਜਾਵੇ ਅਤੇ ਕੋਰੋਨਾ ਮਹਾਂਮਾਰੀ ਦੇ ਪ੍ਰਕੋਪ ਨੂੰ ਠੱਲ ਪਾਈ ਜਾ ਸਕੇ।